**Press Note**

# JAGAT GURU NANAK DEV PUNJAB STATE OPEN UNIVERSITY, PATIALA

(Established by Act No.19 of 2019 of Legislature of the State of Punjab)

**PSOU/PRO/2025/198** **Date: 08 November 2025**

## ਓਪਨ ਯੂਨੀਵਰਸਿਟੀ ਵਿਖੇ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹਾਦਤ ਨੂੰ ਸਮਰਪਿਤ ਸੈਮੀਨਾਰ

**08 ਨਵੰਬਰ 2025**

ਪੰਜਾਬ ਦੇ ਮਾਣਯੋਗ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਅਤੇ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਅਤੇ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਦੇ ਮਾਣਯੋਗ ਵਾਈਸ-ਚਾਂਸਲਰ ਪ੍ਰੋ. (ਡਾ.) ਰਤਨ ਸਿੰਘ ਦੀ ਯੋਗ ਅਗਵਾਈ ਹੇਠ ਯੂਨੀਵਰਸਿਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹਾਦਤ ਨੂੰ ਸਮਰਪਿਤ 08 ਨਵੰਬਰ 2025 ਨੂੰ ਸੈਮੀਨਾਰ ਦਾ ਆਯੋਜਨ ਕੀਤਾ ਗਿਆ।

ਇਸ ਮੌਕੇ ਪ੍ਰੋ. (ਡਾ.) ਰਤਨ ਸਿੰਘ, ਵਾਈਸ ਚਾਂਸਲਰ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਮਨੁੱਖਤਾ ਅਤੇ ਧਰਮ ਦੀ ਰੱਖਿਆ ਲਈ ਅਤੁੱਲ ਯੋਗਦਾਨ ਦੀ ਪ੍ਰਤੀਕ ਹੈ। ਪ੍ਰੋ. (ਡਾ.) ਬਲਜੀਤ ਸਿੰਘ ਖਹਿਰਾ, ਰਜਿਸਟਰਾਰ ਨੇ ਕਿਹਾ ਕਿ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਮਨੁੱਖਤਾ ਦੇ ਇਤਿਹਾਸ ਵਿੱਚ ਇੱਕ ਵਿਲੱਖਣ ਅਤੇ ਬੇਮਿਸਾਲ ਘਟਨਾ ਹੈ, ਜੋ ਜ਼ੁਲਮ ਅਤੇ ਬੇਇਨਸਾਫੀ ਵਿਰੁੱਧ ਧਰਮ ਯੁੱਧ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਗੁਰੂ ਨਾਨਕ ਸਾਹਿਬ ਦੇ ਘਰ ਦਾ ਸਿਧਾਂਤ ਸਿਰਫ਼ ਆਪਣੇ ਲਈ ਨਹੀਂ, ਸਗੋਂ ਦੂਸਰਿਆਂ ਦੇ ਧਰਮ ਤੇ ਆਜ਼ਾਦੀ ਦੀ ਰੱਖਿਆ ਲਈ ਕੁਰਬਾਨੀ ਦੇਣਾ ਵੀ ਸਿਖਾਉਂਦਾ ਹੈ। ਪ੍ਰੋ. (ਡਾ.) ਕੰਵਲਵੀਰ ਸਿੰਘ ਢੀਂਡਸਾ, ਕੰਟਰੋਲਰ ਪ੍ਰੀਖਿਆਵਾਂ ਨੇ ਗੁਰੂ ਸਾਹਿਬ ਦੀ ਜ਼ਿੰਦਗੀ, ਉਨ੍ਹਾਂ ਦੇ ਆਦਰਸ਼ ਅਤੇ ਬਲਿਦਾਨ ਦੇ ਸੰਦੇਸ਼ ਬਾਰੇ ਜਾਣਕਾਰੀ ਦਿੱਤੀ।

'ਯੂਨੀਵਰਸਿਟੀ ਦੇ ਲਰਨਰ ਸਪੋਰਟ ਸੈਂਟਰਾਂ ਦੀ ਵਧੀਆ ਕਾਰਗੁਜ਼ਾਰੀ ਨੂੰ ਦੇਖਦਿਆਂ ਹੋਇਆ ਉਹਨਾਂ ਦਾ ਸਨਮਾਨ ਕੀਤਾ ਗਿਆ। ਪ੍ਰੋ. (ਡਾ.) ਰਤਨ ਸਿੰਘ ਵਾਈਸ-ਚਾਂਸਲਰ ਨੇ ਕਿਹਾ ਕਿ ਇਹ ਲਰਨਰ ਸਪੋਰਟ ਸੈਂਟਰ ਓਪਨ ਐਜੂਕੇਸ਼ਨ ਦੇ ਪ੍ਰਸਾਰ ਲਈ ਸ਼ਲਾਘਾਯੋਗ ਯਤਨ ਕਰ ਰਹੇ ਹਨ । ਇਸ ਸਮਾਰੋਹ ਦੌਰਾਨ ਹਾਜ਼ਰ ਰਹੇ ਲਰਨਰ ਸਪੋਰਟ ਸੈਂਟਰਾਂ ਸੰਤ ਕਬੀਰ ਕਾਲਜ, ਜ਼ੀਰਾ, ਫਿਰੋਜ਼ਪੁਰ; ਗੁਰੂ ਗੋਬਿੰਦ ਸਿੰਘ ਕਾਲਜ, ਸੰਘੇੜਾ, ਬਰਨਾਲਾ; ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ, ਸਰਹਾਲੀ, ਤਰਨਤਾਰਨ; ਆਰੀਆਭੱਟ ਕਾਲਜ, ਬਰਨਾਲਾ; ਯੂਨੀਵਰਸਲ ਕਾਲਜ, ਪਾਤੜਾਂ, ਪਟਿਆਲਾ; ਮਾਤਾ ਸੀਤੋ ਦੇਵੀ ਕਾਲਜ ਆਫ਼ ਐਜੂਕੇਸ਼ਨ, ਕੋਟ ਧਰਮੂ, ਮਾਨਸਾ; ਪਾਈਨ ਗਰੋਵ ਗਰੁੱਪ ਆਫ਼ ਇੰਸਟੀਚਿਊਟ, ਬੱਸੀ ਪਠਾਣਾ, ਫਤਿਹਗੜ੍ਹ ਸਾਹਿਬ; ਮਦਰ ਇੰਡੀਆ ਕਾਲਜ ਆਫ਼ ਐਜੂਕੇਸ਼ਨ, ਨਿਆਲ ਪਾਤੜਾਂ, ਪਟਿਆਲਾ; ਕ੍ਰਿਸ਼ਨਾ ਕਾਲਜ ਆਫ਼ ਹਾਇਰ ਐਜੂਕੇਸ਼ਨ, ਬੁਢਲਾਡਾ, ਮਾਨਸਾ; ਪੰਜਾਬ ਡਿਗਰੀ ਕਾਲਜ, ਮਹਿਮੂਆਣਾ, ਫਰੀਦਕੋਟ, ਸੰਤ ਸਿਪਾਹੀ ਕਾਲਜ, ਜਲੰਧਰ ਨੂੰ ਸਨਮਾਨਿਤ ਕੀਤਾ ਗਿਆ ।

ਡਾਇਰੈਕਟਰ
ਲੋਕ ਸੰਪਰਕ

Director-Public Relations Cell
Jagat Guru Nanak Dev
Punjab State Open University
Patiala – 147001(PB) INDIA

## News Clips

Royal Patiala



# ਓਪਨ ਯੂਨੀਵਰਸਿਟੀ ਵਿਖੇ ਗੁਰੂ ਤੇਗ ਬਹਾਦਰ ਜੀ ਦੀ 350ਸਾਲਾ ਸ਼ਹਾਦਤ ਨੂੰ ਸਮਰਪਿਤ ਸੈਮੀਨਾਰ

Share



- Advertisement -

Discover more

political

politics

City & Local Guides

MOST POPULAR



BBMB sets new record in daily power generation; successfully absorbed entire...




Power emergency in Punjab? PSPCL issues new restrictions in the state



ਓਪਨ ਜਿਮ ਤੇ ਝੂਲੇ ਬੱਚਿਆਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਦਾ...

**News Clips**

MON, 10 NOVEMBER 2025
EDITION: PATIALA BANI, PAGE NO. 4

ਜਗ ਬਾਣੀ
ਈ-ਪੇਪਰ

# ਓਪਨ ਯੂਨੀਵਰਸਿਟੀ ਵਿਖੇ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹਾਦਤ ਨੂੰ ਸਮਰਪਿਤ ਸੈਮੀਨਾਰ



*ਸੈਮੀਨਾਰ ਦੌਰਾਨ ਲਰਨਰ ਸਪੋਰਟ ਸੈਂਟਰਾਂ ਦੇ ਅਹੁਦੇਦਾਰਾਂ ਨੂੰ ਸਨਮਾਨਿਤ ਕੀਤੇ ਜਾਣ ਦਾ ਦ੍ਰਿਸ਼।* (ਸੁੰਦਰ)

ਪਟਿਆਲਾ, 9 ਨਵੰਬਰ (ਰਾਜੇਸ਼ ਪੰਜੌਲਾ, ਮਨਦੀਪ ਜੋਸਨ)- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਅਤੇ ਸੂਬਾ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਅਤੇ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਰਤਨ ਸਿੰਘ ਦੀ ਯੋਗ ਅਗਵਾਈ ਹੇਠ ਯੂਨੀਵਰਸਿਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹਾਦਤ ਨੂੰ ਸਮਰਪਿਤ ਸੈਮੀਨਾਰ ਕਰਵਾਇਆ ਗਿਆ।

ਇਸ ਮੌਕੇ ਪ੍ਰੋ. (ਡਾ.) ਰਤਨ ਸਿੰਘ, ਵਾਈਸ ਚਾਂਸਲਰ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਮਨੁੱਖਤਾ ਅਤੇ ਧਰਮ ਦੀ ਰੱਖਿਆ ਲਈ ਅਤੁੱਲ ਯੋਗਦਾਨ ਦੀ ਪ੍ਰਤੀਕ ਹੈ। ਪ੍ਰੋ. (ਡਾ.) ਬਲਜੀਤ ਸਿੰਘ ਖਹਿਰਾ, ਰਜਿਸਟਰਾਰ ਨੇ ਕਿਹਾ ਕਿ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਮਨੁੱਖਤਾ ਦੇ ਇਤਿਹਾਸ 'ਚ ਇਕ ਵਿਲੱਖਣ ਅਤੇ ਬੇ-ਮਿਸਾਲ ਘਟਨਾ ਹੈ, ਜੋ ਜ਼ੁਲਮ ਅਤੇ ਬੇਇਨਸਾਫੀ ਵਿਰੁੱਧ ਧਰਮ ਯੁੱਧ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਗੁਰੂ ਨਾਨਕ ਸਾਹਿਬ ਦੇ ਘਰ ਦਾ ਸਿਧਾਂਤ ਸਿਰਫ ਆਪਣੇ ਲਈ ਨਹੀਂ, ਸਗੋਂ ਦੂਸਰਿਆਂ ਦੇ ਧਰਮ ਤੇ ਆਜ਼ਾਦੀ ਦੀ ਰੱਖਿਆ ਲਈ ਕੁਰਬਾਨੀ ਦੇਣਾ ਵੀ ਸਿਖਾਉਂਦਾ ਹੈ।

ਪ੍ਰੋ. (ਡਾ.) ਕੰਵਲਵੀਰ ਸਿੰਘ ਢੀਂਡਸਾ, ਕੰਟਰੋਲਰ ਪ੍ਰੀਖਿਆਵਾਂ ਨੇ ਗੁਰੂ ਸਾਹਿਬ ਦੀ ਜ਼ਿੰਦਗੀ, ਉਨ੍ਹਾਂ ਦੇ ਆਦਰਸ਼ ਅਤੇ ਬਲਿਦਾਨ ਦੇ ਸੰਦੇਸ਼ ਬਾਰੇ ਜਾਣਕਾਰੀ ਦਿੱਤੀ। ਯੂਨੀਵਰਸਿਟੀ ਦੇ ਲਰਨਰ ਸਪੋਰਟ ਸੈਂਟਰਾਂ ਦੀ ਵਧੀਆ ਕਾਰਗੁਜ਼ਾਰੀ ਨੂੰ ਦੇਖਦਿਆਂ ਉਨ੍ਹਾਂ ਦਾ ਸਨਮਾਨ ਕੀਤਾ ਗਿਆ। ਪ੍ਰੋ. (ਡਾ.) ਰਤਨ ਸਿੰਘ ਵਾਈਸ-ਚਾਂਸਲਰ ਨੇ ਕਿਹਾ ਕਿ ਇਹ ਲਰਨਰ ਸਪੋਰਟ ਸੈਂਟਰ ਓਪਨ ਐਜੂਕੇਸ਼ਨ ਦੇ ਪ੍ਰਸਾਰ ਲਈ ਸ਼ਲਾਘਾਯੋਗ ਯਤਨ ਕਰ ਰਹੇ ਹਨ।

# ओपन यूनिवर्सिटी में गुरु तेग बहादुर की शहादत को समर्पित संगोष्ठी करवाई



श्री गुरु तेग बहादुर की जयंती के अवसर पर जानकारी देते सदस्य।

**सवेरा न्यूज/अंशुमन**

पटियाला, 9 नवंबरः राज्यपाल गुलाब चंद कटारिया और पंजाब सरकार द्वारा जगत गुरु नानक देव पंजाब राज्य मुक्त विश्वविद्यालय, पटियाला के कुलपति प्रो. (डॉ.) रतन सिंह के निर्देशों का पालन करते हुए और उनके कुशल मार्गदर्शन में, विश्वविद्यालय ने श्री गुरु तेग बहादुर की 350वीं जयंती समारोह का आयोजन किया। शहादत की वर्षगांठ को समर्पित एक संगोष्ठी का आयोजन किया गया। इस अवसर पर कुलपति प्रो. (डॉ.) रतन सिंह ने कहा कि श्री गुरु तेग बहादुर की शहादत मानवता और धर्म की रक्षा के लिए उनके अद्वितीय योगदान का प्रतीक है। प्रो. डॉ. रजिस्ट्रार बलजीत सिंह खैरा ने कहा कि गुरु तेग बहादुर की शहादत मानवता के इतिहास में एक अनोखी और अभूतपूर्व घटना है, जो उत्पीड़न और अन्याय के खिलाफ धार्मिक युद्ध का प्रतीक है। उन्होंने कहा कि गुरु नानक साहिब के घर के सिद्धांत हमें न केवल अपने लिए बल्कि दूसरों के धर्म और स्वतंत्रता की रक्षा के लिए भी बलिदान करना सिखाते हैं। परीक्षा नियंत्रक कंवलवीर सिंह ढींडसा ने गुरु साहिब के जीवन, उनके आदर्शों और बलिदान के संदेश के बारे में जानकारी दी। विश्वविद्यालय के शिक्षार्थी सहायता केंद्रों के उत्कृष्ट प्रदर्शन को सम्मानित किया गया।

## Photos



ਜਗਤ ਗੁਰੂ ਨਾਨਕ ਦੇਵ
ਪੰਜਾਬ ਸਟੇਟ ਓਪਨ ਯੂਨੀਵਰਸਿਟੀ ਪਟਿਆਲਾ
ਯੂਨੀਵਰਸਿਟੀ ਦੇ ਪੰਜਵੇਂ ਸਥਾਪਨਾ ਦਿਵਸ
ਅਤੇ
ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹਾਦਤ ਦਿਵਸ ਨੂੰ ਸਮਰਪਿਤ
ਇੱਕ ਰੋਜ਼ਾ ਸੈਮੀਨਾਰ
ਮੁੱਖ ਸਰਪ੍ਰਸਤ
ਵਾਈਸ-ਚਾਂਸਲਰ
ਮਿਤੀ: 08 ਨਵੰਬਰ 2025
ਪੰਜਾਬ ਸਟੇਟ ਓਪਨ ਯੂਨੀਵਰਸਿਟੀ ਪਟਿਆਲਾ
ਪੰਜਵੇਂ ਸਥਾਪਨਾ ਦਿਵਸ ਦੇ ਸ਼ੁਭ ਅਵਸਰ ਤੇ
ਲਰਨਰ ਸਪੋਰਟ ਸੈਂਟਰਾਂ ਦੇ ਮੁਖੀ ਅਤੇ ਕੋਆਰਡੀਨੇਟਰ ਸਾਹਿਬਾਨ ਦਾ
ਨਿੱਘਾ ਸਵਾਗਤ
ਮਿਤੀ: 08 ਨਵੰਬਰ 2025






## Links

https://www.facebook.com/61550941991641/posts/122298339104031399/?mibextid=rS40aB7S9Ucbxw6v

https://www.facebook.com/61550941991641/posts/122298385832031399/?mibextid=rS40aB7S9Ucbxw6v

https://www.instagram.com/p/DQyow0MD-9o/?igsh=MWNpOW5hc2oxaWJ6MQ==